# *10 DAY ANNUAL WORKSHOP ON MODERN TECHNIQUES IN BIOLOGICAL SCIENCES*

ਰੋਜ਼ਾਨਾ ਸਪੋਕਸਮੈਨ

# ਕਾਲਜ 'ਚ 'ਜੀਵ ਵਿਗਿਆਨ ਵਿਚ ਆਧੁਨਿਕ ਤਕਨੀਕਾਂ' ਵਿਸ਼ੇ 'ਤੇ 10 ਰੋਜ਼ਾ ਵਰਕਸ਼ਾਪ



ਪਟਿਆਲਾ, 8 ਅਗੱਸਤ (ਦਲਜਿੰਦਰ ਸਿੰਘ ਪੱਪੀ) : ਮੁਲਤਾਨੀ ਮੱਲ ਮੋਦੀ ਕਾਲਜ ਦੇ ਬਾਇਓਲਾਜੀਕਲ ਸਾਇੰਸਜ਼ ਫ਼ੈਕਲਟੀ ਨੇ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਲਈ 'ਜੀਵ ਵਿਗਿਆਨ ਵਿਚ ਆਧੁਨਿਕ ਤਕਨੀਕਾਂ' ਵਿਸ਼ੇ 'ਤੇ 10 ਰੋਜ਼ਾ ਸਾਲਾਨਾ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਦਾ ਸਮਾਪਤੀ ਸਮਾਰੋਹ 'ਚ ਵਿਦਿਆਰਥੀਆਂ ਨੂੰ ਇਸ ਵਰਕਸ਼ਾਪ ਵਿਚ ਭਾਗ ਲੈਣ ਲਈ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।

ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਅਤੇ ਬਾਇਓਲਾਜੀਕਲ ਸਾਇੰਸਜ਼ ਫੈਕਲਟੀ ਦੇ ਡੀਨ ਡਾ. ਅਸ਼ਵਨੀ ਕੁਮਾਰ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਵਰਕਸ਼ਾਪ ਦੌਰਾਨ ਪ੍ਰਦਰਸ਼ਿਤ ਵੱਡੇ ਪੱਧਰ ਦੀਆਂ ਤਕਨੀਕਾਂ ਜਿਹੜੀਆਂ ਮਾਇਕਰੋ ਬਾਇਓਲਾਜੀ, ਬਾਇਓਕੈਮਿਸਟਰੀ, ਇੰਸਟਰੂਮੈਂਟੇਸ਼ਨ, ਬਾਟਨੀ ਅਤੇ ਜ਼ੂਆਲੋਜੀ ਸਹਿਤ 6 ਮਾਡਿਊਲਾਂ ਵਿਚ ਫੈਲੀਆਂ ਹਨ, ਦੀ ਸ਼ਲਾਘਾ ਵੀ ਕੀਤੀ।

ਰੋਜ਼ਾਨਾ ਚੜ੍ਹਦੀਕਲਾ, ਪਟਿਆਲਾ (ਸ਼ੁੱਕਰਵਾਰ, 9 ਅਗਸਤ 2019)

# ਮੋਦੀ ਕਾਲਜ ਵਿਖੇ 'ਜੀਵ ਵਿਗਿਆਨ ਵਿੱਚ ਆਧੁਨਿਕ ਤਕਨੀਕਾਂ' ਵਿਸ਼ੇ 'ਤੇ 10 ਰੋਜ਼ਾ ਸਲਾਨਾ ਵਰਕਸ਼ਾਪ ਆਯੋਜਿਤ



ਪਟਿਆਲਾ, 8 ਅਗਸਤ (ਚ.ਨ.ਸ.) : ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਦੇ ਬਾਇਓਲਾਜੀਕਲ ਸਾਇੰਸਜ਼ ਫੈਕਲਟੀ ਨੇ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਲਈ 'ਜੀਵ ਵਿਗਿਆਨ ਵਿੱਚ ਆਧੁਨਿਕ ਤਕਨੀਕਾਂ' ਵਿਸ਼ੇ 'ਤੇ ਮਿਤੀ 27 ਜੁਲਾਈ 2019 ਤੋਂ 5 ਅਗਸਤ 2019 ਤੱਕ ਚੱਲਣ ਵਾਲੀ 10 ਰੋਜ਼ਾ ਸਲਾਨਾ ਵਰਕਸ਼ਾਪ ਆਯੋਜਿਤ ਕੀਤੀ। ਇਸ ਵਰਕਸ਼ਾਪ ਦਾ ਸਮਾਪਤੀ ਸਮਾਰੋਹ ਮਿਤੀ 6 ਅਗਸਤ, 2019 ਨੂੰ ਹੋਇਆ ਜਿੱਥੇ ਵਿਦਿਆਰਥੀਆਂ ਨੂੰ ਇਸ ਵਰਕਸ਼ਾਪ ਵਿੱਚ ਭਾਗ ਲੈਣ ਲਈ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਅਤੇ ਬਾਇਓਲਾਜੀਕਲ ਸਾਇੰਸਜ਼ ਫੈਕਲਟੀ ਦੇ ਡੀਨ ਡਾ. ਅਸ਼ਵਨੀ ਕੁਮਾਰ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਅਤੇ ਬਾਇਓਲਾਜੀਕਲ ਸਾਇੰਸਜ਼ ਫੈਕਲਟੀ ਵੱਲੋਂ ਲਗਾਤਾਰ ਕੀਤੇ ਉਪਰਾਲਿਆਂ ਲਈ ਮੁਬਾਰਕਬਾਦ ਦਿੱਤੀ। ਉਨ੍ਹਾਂ ਨੇ ਵਰਕਸ਼ਾਪ ਦੌਰਾਨ ਪ੍ਰਦਰਸ਼ਿਤ ਵੱਡੇ ਪੱਧਰ ਦੀਆਂ ਤਕਨੀਕਾਂ ਜਿਹੜੀਆਂ ਮਾਇਕਰੋ ਬਾਇਓਲਾਜੀ, ਬਾਇਓਕੈਮਿਸਟਰੀ, ਇੰਸਟਰੂਮੈਂਟੇਸ਼ਨ, ਬਾਟਨੀ ਅਤੇ ਜ਼ੂਆਲੋਜੀ ਸਹਿਤ 6 ਮਾਡਿਊਲਾਂ ਵਿੱਚ ਫੈਲੀਆਂ ਹਨ ਦੀ ਸ਼ਲਾਘਾ ਵੀ ਕੀਤੀ। ਉਨ੍ਹਾਂ ਨੇ ਕਿਹਾ ਕਿ ਜੇਕਰ ਵਿਦਿਆਰਥੀਆਂ ਨੇ ਅੱਜ ਦੀ ਨਿੱਤ ਬਦਲਦੀ ਰੋਜ਼ਗਾਰ ਮਾਰਕਿਟ ਵਿੱਚ ਮੁਕਾਬਲਾ ਕਰਨਾ ਹੈ ਤਾਂ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਪ੍ਰੈਕਟੀਕਲ ਮੁਹਾਰਤ ਵੀ ਹਾਸਲ ਕਰਨੀ ਪਵੇਗੀ। ਕਾਲਜ ਅਥਾਰਟੀ ਦਾ ਧੰਨਵਾਦ ਕਰਦੇ ਹੋਏ ਅਤੇ ਅੱਗੇ ਤੋਂ ਅਜਿਹੇ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਦਾ ਵਿਸ਼ਵਾਸ ਦਿਵਾਉਂਦੇ ਹੋਏ ਵਿਦਿਆਰਥੀ ਪ੍ਰਤੀਨਿਧੀਆਂ ਨੇ ਫੀਡਬੈਕ ਵੀ ਦਿੱਤੀ। ਬਾਇਓਟੈਕਨਾਲੋਜੀ ਵਿਭਾਗ ਦੇ ਡਾ. ਕੁਲਦੀਪ ਕੁਮਾਰ ਨੇ ਪ੍ਰਿੰਸੀਪਲ ਸਾਹਿਬ ਅਤੇ ਸਾਰੀਆਂ ਟੀਮਾਂ ਦਾ ਉਨ੍ਹਾਂ ਦੇ ਸਹਿਯੋਗ ਅਤੇ ਯੋਗਦਾਨ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਵਿਭਾਗ ਵੱਲੋਂ ਅਜਿਹੀਆਂ ਵਰਕਸ਼ਾਪਾਂ ਭਵਿੱਖ ਵਿੱਚ ਵੀ ਲਗਾਈਆਂ ਜਾਣਗੀਆਂ, ਜਿਨ੍ਹਾਂ ਤੋਂ ਵਿਦਿਆਰਥੀ ਮਢਲੀ ਅਤੇ ਅਪਲਾਈਡ ਸਾਇੰਸ ਦੇ ਖੇਤਰ ਵਿੱਚ ਖੋਜ ਕਰਨ ਦੀਆਂ ਆਪਣੀਆਂ ਲੋੜਾਂ ਪੂਰੀਆਂ ਕਰ ਸਕਦੇ ਹਨ।

ਪੰਜਾਬੀ ਟ੍ਰਿਬਿਊਨ, ਸ਼ੁੱਕਰਵਾਰ, 9 ਅਗਸਤ 2019

# 'ਜੀਵ ਵਿਗਿਆਨ ਵਿੱਚ ਆਧੁਨਿਕ ਤਕਨੀਕਾਂ' ਵਿਸ਼ੇ 'ਤੇ ਵਰਕਸ਼ਾਪ

**ਨਿੱਜੀ ਪੱਤਰ ਪ੍ਰੇਰਕ**

**ਪਟਿਆਲਾ, 8 ਅਗਸਤ**

ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਦੇ ਬਾਇਓਲ਼ਾਜੀਕਲ ਸਾਇੰਸਜ਼ ਫੈਕਲਟੀ ਨੇ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਲਈ 'ਜੀਵ ਵਿਗਿਆਨ ਵਿੱਚ ਆਧੁਨਿਕ ਤਕਨੀਕਾਂ' ਵਿਸ਼ੇ 'ਤੇ 10 ਰੋਜ਼ਾ ਸਾਲਾਨਾ ਵਰਕਸ਼ਾਪ ਕਰਵਾਈ ਗਈ। ਲੰਘੇ ਕੱਲ ਸਮਾਪਤੀ ਪ੍ਰੋਗਰਾਮ ਵਿਦਿਆਰਥੀਆਂ ਨੂੰ ਇਸ ਵਰਕਸ਼ਾਪ ਵਿੱਚ ਭਾਗ ਲੈਣ ਲਈ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਅਤੇ ਬਾਇਓਲਾਜੀਕਲ ਸਾਇੰਸਜ਼ ਫੈਕਲਟੀ ਦੇ ਡੀਨ ਡਾ. ਅਸ਼ਵਨੀ ਕੁਮਾਰ ਸ਼ਰਮਾ ਨੇ ਕਿਹਾ ਕਿ ਜੇਕਰ ਵਿਦਿਆਰਥੀਆਂ ਨੇ ਅੱਜ ਦੀ ਨਿੱਤ ਬਦਲਦੀ ਰੋਜ਼ਗਾਰ ਮਾਰਕਿਟ ਵਿੱਚ ਮੁਕਾਬਲਾ ਕਰਨਾ ਹੈ ਤਾਂ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਪ੍ਰੈਕਟੀਕਲ ਮੁਹਾਰਤ ਵੀ ਹਾਸਲ ਕਰਨੀ ਪਵੇਗੀ। ਬਾਇਓਟੈਕਨਾਜੀ ਵਿਭਾਗ ਦੇ ਡਾ. ਕੁਲਦੀਪ ਕੁਮਾਰ ਨੇ ਕਿਹਾ ਕਿ ਵਿਭਾਗ ਵੱਲੋਂ ਅਜਿਹੀਆਂ ਵਰਕਸ਼ਾਪਾਂ ਭਵਿੱਖ ਵਿੱਚ ਵੀ ਲਗਾਈਆਂ ਜਾਣਗੀਆਂ, ਜਿਨਾਂ ਤੋਂ ਵਿਦਿਆਰਥੀ ਮੁਢਲੀ ਅਤੇ ਅਪਲਾਈਡ ਸਾਇੰਸ ਦੇ ਖੇਤਰ ਵਿੱਚ ਖੋਜ ਕਰਨ ਦੀਆਂ ਆਪਣੀਆਂ ਲੋੜਾਂ ਪੂਰੀਆਂ ਕਰ ਸਕਦੇ ਹਨ।



ਵਰਕਸ਼ਾਪ ਦੇ ਸਮਾਪਤੀ ਪ੍ਰੋਗਰਾਮ 'ਚ ਸ਼ਿਰਕਤ ਕਰਦੇ ਹੋਏ ਵਿਦਿਆਰਥੀ। -ਫੋਟੋ: ਭਿੰਡਰ

ਪਟਿਆਲਾ ਬਾਣੀ

# 'ਜੀਵ ਵਿਗਿਆਨ 'ਚ ਆਧੁਨਿਕ ਤਕਨੀਕਾਂ' ਵਿਸ਼ੇ 'ਤੇ ਵਰਕਸ਼ਾਪ

ਪਟਿਆਲਾ, 8 ਅਗਸਤ (ਜੋਸਨ)-ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਦੇ ਬਾਇਓਲਾਜੀਕਲ ਸਾਇੰਸਜ਼ ਫੈਕਲਟੀ ਨੇ ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਲਈ 'ਜੀਵ ਵਿਗਿਆਨ ਵਿਚ ਆਧੁਨਿਕ ਤਕਨੀਕਾਂ' ਵਿਸ਼ੇ 'ਤੇ 10 ਰੋਜ਼ਾ ਸਾਲਾਨਾ ਵਰਕਸ਼ਾਪ ਆਯੋਜਿਤ ਕੀਤੀ। ਵਰਕਸ਼ਾਪ ਦੇ ਸਮਾਪਤੀ ਸਮਾਰੋਹ ਵਿਚ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਅਤੇ ਬਾਇਓਲਾਜੀਕਲ ਸਾਇੰਸਜ਼ ਫੈਕਲਟੀ ਦੇ ਡੀਨ ਡਾ. ਅਸ਼ਵਨੀ ਕੁਮਾਰ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਅਤੇ ਬਾਇਓਲਾਜੀਕਲ ਸਾਇੰਸਜ਼ ਫੈਕਲਟੀ ਵੱਲੋਂ ਲਗਾਤਾਰ ਕੀਤੇ ਉਪਰਾਲਿਆਂ ਲਈ ਵਧਾਈ ਦਿੱਤੀ। ਉਨ੍ਹਾਂ ਵਰਕਸ਼ਾਪ ਦੌਰਾਨ ਪ੍ਰਦਰਸ਼ਿਤ ਵੱਡੇ ਪੱਧਰ ਦੀਆਂ ਤਕਨੀਕਾਂ ਜਿਹੜੀਆਂ ਮਾਇਕ੍ਰੋਬਾਇਓਲਾਜੀ, ਬਾਇਓਕੈਮਿਸਟਰੀ, ਇੰਸਟਰੂਮੈਂਟੇਸ਼ਨ, ਬੋਟਨੀ ਅਤੇ ਜ਼ੂਆਲੋਜੀ ਸਹਿਤ 6 ਮਾਡਿਊਲਾਂ ਵਿਚ ਫੈਲੀਆਂ ਹਨ, ਦੀ ਸ਼ਲਾਘਾ ਵੀ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਵਿਦਿਆਰਥੀਆਂ ਨੇ ਅੱਜ ਦੀ ਨਿੱਤ ਬਦਲਦੀ ਰੋਜ਼ਗਾਰ ਮਾਰਕੀਟ ਵਿਚ ਮੁਕਾਬਲਾ ਕਰਨਾ ਹੈ ਤਾਂ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਪ੍ਰੈਕਟੀਕਲ ਮੁਹਾਰਤ ਵੀ ਹਾਸਲ ਕਰਨੀ ਪਵੇਗੀ।



ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕਰਦੇ ਡਾ. ਖੁਸ਼ਵਿੰਦਰ ਕੁਮਾਰ ਅਤੇ ਹੋਰ। (ਜੋਸਨ)

# *BLOOD DONATION CAMP ORGANIZED*

दैनिक सवेरा टाइम्स

# कैंप में 81 वालंटियरों ने किया रक्तदान



पटियाला (बलविन्द्र): मोदी कालेज में रक्तदान महादान के संकल्प को समर्पित कालेज के एन.एस.एस. विंग द्वारा रैड रिबन क्लब के सहयोग से प्रिंसीपल डा. खुशविंदर कुमार की अगुवाई में और सरकारी राजिंदरा अस्पताल से पहुंची मैडीकल टीम की निगरानी में रक्तदान कैंप का आयोजन किया गया। कैंप का उद्घाटन प्रिंसीपल डा. खुशविंदर कुमार ने किया। मौके पर 81 वालंटियरों ने रक्तदान कर कालेज की बहुमूल्य दानी परंपरा को कायम रखा। वालंटियरों में दियोती सिंह, पलवी धवन, अभिनंदन मित्तल, नीरज गुप्ता और विपन सिंह ने अपना योगदान दिया।

ਪੰਜਾਬੀ ਜਾਗਰਣ ਜਲੰਧਰ 25 ਅਗਸਤ 2019



ਖੂਨਦਾਨੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਤੇ ਕਾਲਜ ਦਾ ਸਟਾਫ।

# ਮੁਲਤਾਨੀ ਮੱਲ ਮੋਦੀ ਕਾਲਜ 'ਚ ਖ਼ੂਨਦਾਨ ਕੈਂਪ ਲਾਇਆ

**ਪੱਤਰ ਪ੍ਰੇਰਕ, ਪਟਿਆਲਾ** : ਮੁਲਤਾਨੀ ਮੱਲ ਮੋਦੀ ਕਾਲਜ ਵਿਖੇ 'ਖੂਨਦਾਨ-ਮਹਾਂਦਾਨ' ਦੇ ਸੰਕਲਪ ਨੂੰ ਸਮਰਪਿਤ ਕਾਲਜ ਦੇ ਐਨ.ਐਸ.ਐਸ. ਵਿੰਗ ਵਲੋਂ ਰੈਡ ਰਿਬਨ ਕਲੱਬ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦਾ ਰਸਮੀ ਉਦਘਾਟਨ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਨੇ ਕਿਹਾ ਕਿ ਅਜਿਹੇ ਖੂਨਦਾਨ ਕੈਂਪਾਂ ਦਾ ਉਦੇਸ਼ ਜਿੱਥੇ ਸਥਾਨਕ ਬਲੱਡ ਬੈਂਕ ਵਿਚ ਡੇਂਗੂ ਦੇ ਮਰੀਜ਼ਾਂ ਦੀ ਵੱਧ ਰਹੀ ਗਿਣਤੀ ਦੇ ਮੱਦੇਨਜ਼ਰ ਘੱਟ ਰਹੀ ਬਲੱਡ ਸਪਲਾਈ ਨੂੰ ਪੂਰਾ ਕਰਨ ਦਾ ਯਤਨ ਕਰਨਾ ਹੈ, ਉਥੇ ਵਿਦਿਆਰਥੀਆਂ ਨੂੰ ਖੂਨਦਾਨ ਵਰਗੇ ਮਹਾਂ-ਦਾਨ ਦੀ ਸਾਰਥਕਤਾ ਤੋਂ ਵੀ ਜਾਣੂ ਕਰਵਾਉਣਾ ਹੈ। ਸਰਕਾਰੀ ਰਾਜਿੰਦਰਾ ਹਸਪਤਾਲ ਤੋਂ ਡਾ. ਕਮਲਜੀਤ ਕੌਰ ਦੀ ਅਗੁਵਾਈ ਹੇਠ ਪਹੁੰਚੀ ਮੈਡੀਕਲ ਟੀਮ ਦੇ ਮੈਂਬਰਾਂ ਸੁਖਵਿੰਦਰ ਸਿੰਘ ਅਤੇ ਜਸਪ੍ਰੀਤ ਕੌਰ ਨੇ ਇਸ ਮੌਕੇ ਖੂਨਦਾਨੀਆਂ ਲਈ ਕੀਤੇ ਗਏ ਸਮੂਚੇ ਪ੍ਰਬੰਧ ਦੀ ਦੇਖ-ਰੇਖ ਕੀਤੀ। ਕੈਂਪ ਵਿੱਚ 81 ਵਲੰਟੀਅਰਜ਼ ਨੇ ਖੂਨਦਾਨ ਕੀਤਾ। ਅਧਿਆਪਕ ਵਰਗ ਵਿੱਚੋਂ ਡਾ. ਸੁਮੀਤ ਕੁਮਾਰ ਅਤੇ ਡਾ. ਰੋਹਿਤ ਸਚਦੇਵਾ ਨੇ ਖੂਨਦਾਨ ਕਰਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ।

ਪਟਿਆਲਾ ਬਾਣੀ

# ਮੁਲਤਾਨੀ ਮੱਲ ਮੋਦੀ ਕਾਲਜ 'ਚ ਖ਼ੂਨਦਾਨ ਕੈਂਪ



ਖ਼ੂਨਦਾਨੀਆਂ ਦੀ ਹੌਸਲਾ-ਅਫ਼ਜ਼ਾਈ ਕਰਦੇ ਹੋਏ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਅਤੇ ਸਟਾਫ਼ ਮੈਂਬਰ। (ਜੋਸਨ)

ਪਟਿਆਲਾ, 24 ਅਗਸਤ (ਜੋਸਨ)-ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਵਿਖੇ 'ਖ਼ੂਨਦਾਨ-ਮਹਾਦਾਨ' ਦੇ ਸੰਕਲਪ ਨੂੰ ਸਮਰਪਿਤ ਕਾਲਜ ਦੇ ਐੱਨ.ਐੱਸ.ਐੱਸ. ਵਿੰਗ ਵੱਲੋਂ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਦੀ ਸੁਚੱਜੀ ਅਗਵਾਈ ਹੇਠ ਅਤੇ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਤੋਂ ਪਹੁੰਚੀ ਮੈਡੀਕਲ ਟੀਮ ਦੀ ਨਿਗਰਾਨੀ ਹੇਠ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਦਾ ਉਦਘਾਟਨ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਨੇ ਕਿਹਾ ਕਿ ਅਜਿਹੇ ਖ਼ੂਨਦਾਨ ਕੈਂਪਾਂ ਦਾ ਉਦੇਸ਼ ਜਿਥੇ ਸਥਾਨਕ ਬਲੱਡ ਬੈਂਕਾਂ ਵਿਚ ਡੇਂਗੂ ਦੇ ਮਰੀਜ਼ਾਂ ਦੀ ਵਧ ਰਹੀ ਗਿਣਤੀ ਦੇ ਮੱਦੇਨਜ਼ਰ ਘੱਟ ਰਹੀ ਬਲੱਡ ਸਪਲਾਈ ਨੂੰ ਪੂਰਾ ਕਰਨ ਦਾ ਯਤਨ ਕਰਨਾ ਹੈ, ਉਥੇ ਹੀ ਵਿਦਿਆਰਥੀਆਂ ਨੂੰ ਖ਼ੂਨਦਾਨ ਵਰਗੇ ਮਹਾਦਾਨ ਦੀ ਸਾਰਥਕਤਾ ਤੋਂ ਵੀ ਜਾਣੂ ਕਰਵਾਉਣਾ ਹੈ।

ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਤੋਂ ਡਾ. ਕਮਲਜੀਤ ਕੌਰ ਦੀ ਅਗਵਾਈ ਹੇਠ ਪਹੁੰਚੀ ਮੈਡੀਕਲ ਟੀਮ ਦੇ ਮੈਂਬਰਾਂ ਸੁਖਵਿੰਦਰ ਸਿੰਘ ਅਤੇ ਜਸਪ੍ਰੀਤ ਕੌਰ ਨੇ ਇਸ ਮੌਕੇ ਖ਼ੂਨ-ਦਾਨੀਆਂ ਲਈ ਕੀਤੇ ਗਏ ਸਮੁੱਚੇ ਪ੍ਰਬੰਧ ਦੀ ਦੇਖ-ਰੇਖ ਕੀਤੀ। ਕੈਂਪ ਵਿਚ 81 ਵਾਲੰਟੀਅਰਾਂ ਨੇ ਖ਼ੂਨਦਾਨ ਕੀਤਾ। ਅਧਿਆਪਕ ਵਰਗ ਵਿਚੋਂ ਡਾ. ਸੁਮੀਤ ਕੁਮਾਰ ਅਤੇ ਡਾ. ਰੋਹਿਤ ਸਚਦੇਵਾ ਨੇ ਖ਼ੂਨਦਾਨ ਕਰਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਕੈਂਪ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਿਚ ਐੱਨ.ਐੱਸ.ਐੱਸ. ਦੇ ਪ੍ਰੋਗਰਾਮ ਅਫ਼ਸਰ ਡਾ. ਰਾਜੀਵ ਸ਼ਰਮਾ, ਡਾ. ਹਰਮੋਹਨ ਸ਼ਰਮਾ ਅਤੇ ਪ੍ਰੋ. ਜਗਦੀਪ ਕੌਰ ਦਾ ਖਾਸ ਯੋਗਦਾਨ ਰਿਹਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ਬਹੁਤ ਵਾਰੀ ਖ਼ੂਨਦਾਨ ਕਿਸੇ ਮਰੀਜ਼ ਲਈ ਦੂਜਾ ਜਨਮ ਮਿਲਣ ਵਰਗਾ ਹੁੰਦਾ ਹੈ। ਐੱਨ. ਐੱਸ. ਐੱਸ. ਵਾਲੰਟੀਅਰਾਂ ਦਿਉਤੀ ਸਿੰਘ, ਪੱਲਵੀ ਧਵਨ, ਅਭਿਨੰਦਨ ਮਿੱਤਲ, ਨੀਰਜ ਗੁਪਤਾ ਅਤੇ ਵਿਪਨ ਸਿੰਘ ਨੇ ਕੈਂਪ ਨੂੰ ਸਫ਼ਲਤਾਪੂਰਵਕ ਚਲਾਉਣ ਵਿਚ ਭਰਪੂਰ ਯੋਗਦਾਨ ਦਿੱਤਾ। ਖ਼ੂਨ-ਦਾਨ ਕਰਨ ਵਾਲੇ ਵਾਲੰਟੀਅਰਾਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।

ਪੰਜਾਬੀ ਟ੍ਰਿਬਿਊਨ, ਐਤਵਾਰ, 25 ਅਗਸਤ 2019

# ਮੁਲਤਾਨੀ ਮੱਲ ਮੋਦੀ ਕਾਲਜ ਵਿੱਚ ਖ਼ੂਨਦਾਨ ਕੈਂਪ



ਖ਼ੂਨਦਾਨੀਆਂ ਦੀ ਹੌਸਲਾ-ਅਫ਼ਜ਼ਾਈ ਕਰਦੇ ਹੋਏ ਪ੍ਰਿੰਸੀਪਲ ਡਾ ਖੁਸ਼ਵਿੰਦਰ ਕੁਮਾਰ। -ਫੋਟੋ: ਭਿੰਡਰ

**ਪਟਿਆਲਾ:** ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ, ਪਟਿਆਲਾ ਵਿੱਚ 'ਖ਼ੂਨਦਾਨ-ਮਹਾਂਦਾਨ' ਦੇ ਸੰਕਲਪ ਨੂੰ ਸਮਰਪਿਤ ਕਾਲਜ ਦੇ ਐੱਨਐੱਸਐੱਸ ਵਿੰਗ ਵੱਲੋਂ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਕਾਲਜ ਦੇ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਨੇ ਕੀਤਾ। ਸਰਕਾਰੀ ਰਾਜਿੰਦਰਾ ਹਸਪਤਾਲ, ਪਟਿਆਲਾ ਤੋਂ ਡਾ. ਕਮਲਜੀਤ ਕੌਰ ਦੀ ਅਗੁਵਾਈ ਹੇਠ ਪਹੁੰਚੀ ਮੈਡੀਕਲ ਟੀਮ ਦੇ ਮੈਂਬਰਾਂ ਸ੍ਰੀ ਸੁਖਵਿੰਦਰ ਸਿੰਘ ਅਤੇ ਜਸਪ੍ਰੀਤ ਕੌਰ ਨੇ ਇਸ ਮੌਕੇ ਖ਼ੂਨਦਾਨੀਆਂ ਲਈ ਕੀਤੇ ਗਏ ਸਮੁੱਚੇ ਪ੍ਰਬੰਧ ਦੀ ਦੇਖ-ਰੇਖ ਕੀਤੀ। ਇਸ ਕੈਂਪ ਵਿੱਚ 81 ਵਲੰਟੀਅਰਜ਼ ਨੇ ਖ਼ੂਨਦਾਨ ਕਰਕੇ ਕਾਲਜ ਦੀ ਵੱਡਮੁੱਲੀ ਦਾਨੀ ਪ੍ਰੰਪਰਾ ਨੂੰ ਕਾਇਮ ਰੱਖਿਆ। ਡਾ. ਸੁਮੀਤ ਕੁਮਾਰ ਅਤੇ ਡਾ. ਰੋਹਿਤ ਸਚਦੇਵਾ ਨੇ ਖ਼ੂਨਦਾਨ ਕਰਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਆ ਗਿਆ। **-ਨਿੱਜੀ ਪੱਤਰ ਪ੍ਰੇਰਕ**

ਰੋਜ਼ਾਨਾ ਚੜ੍ਹਦੀਕਲਾ, ਪਟਿਆਲਾ (ਐਤਵਾਰ, 25 ਅਗਸਤ 2019)

# ਮੁਲਤਾਨੀ ਮੱਲ ਮੋਦੀ ਕਾਲਜ ਵਿਖੇ ਖੂਨਦਾਨ ਕੈਂਪ ਦਾ ਆਯੋਜਨ



ਪਟਿਆਲਾ, 24 ਅਗਸਤ (ਰੁਪਾਣਾ) : ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ, ਪਟਿਆਲਾ ਵਿੱਖੇ 'ਖੂਨਦਾਨ-ਮਹਾਂਦਾਨ' ਦੇ ਸੰਕਲਪ ਨੂੰ ਸਮਰਪਿਤ ਕਾਲਜ ਦੇ ਐਨ.ਐਸ.ਐਸ. ਵਿੰਗ ਵੱਲੋਂ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਦੀ ਸੁਚੱਜੀ ਅਗਵਾਈ ਹੇਠ ਅਤੇ ਸਰਕਾਰੀ ਰਾਜਿੰਦਰਾ ਹਸਪਤਾਲ, ਪਟਿਆਲਾ ਤੋਂ ਪਹੁੰਚੀ ਮੈਡੀਕਲ ਟੀਮ ਦੀ ਨਿਗਰਾਨੀ ਹੇਠ ਇੱਕ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਰਸਮੀ ਉਦਘਾਟਨ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਨੇ ਕਿਹਾ ਕਿ ਅਜਿਹੇ ਖੂਨਦਾਨ ਕੈਂਪਾਂ ਦਾ ਉਦੇਸ਼ ਜਿੱਥੇ ਸਥਾਨਕ ਬਲੱਡ ਬੈਂਕਾਂ ਵਿੱਚ ਡੇਂਗੂ ਦੇ ਮਰੀਜ਼ਾਂ ਦੀ ਵੱਧ ਰਹੀ ਗਿਣਤੀ ਦੇ ਮੱਦੇਨਜ਼ਰ ਘੱਟ ਰਹੀ ਬਲੱਡ ਸਪਲਾਈ ਨੂੰ ਪੂਰਾ ਕਰਨ ਦਾ ਯਤਨ ਕਰਨਾ ਹੈ, ਉੱਥੇ ਵਿਦਿਆਰਥੀਆਂ ਨੂੰ ਖੂਨਦਾਨ ਵਰਗੇ ਮਹਾਂ-ਦਾਨ ਦੀ ਸਾਰਥਕਤਾ ਤੋਂ ਵੀ ਜਾਣੂੰ ਕਰਵਾਉਣਾ ਹੈ। ਸਰਕਾਰੀ ਰਾਜਿੰਦਰਾ ਹਸਪਤਾਲ, ਪਟਿਆਲਾ ਤੋਂ ਡਾ. ਕਮਲਜੀਤ ਕੌਰ ਦੀ ਅਗਵਾਈ ਹੇਠ ਪਹੁੰਚੀ ਮੈਡੀਕਲ ਟੀਮ ਦੇ ਮੈਂਬਰਾਂ ਸ੍ਰੀ ਸੁਖਵਿੰਦਰ ਸਿੰਘ ਅਤੇ ਜਸਪ੍ਰੀਤ ਕੌਰ ਨੇ ਇਸ ਮੌਕੇ ਖੂਨਦਾਨੀਆਂ ਲਈ ਕੀਤੇ ਗਏ ਸਮੁੱਚੇ ਪ੍ਰਬੰਧ ਦੀ ਦੇਖ-ਰੇਖ ਕੀਤੀ। ਇਸ ਕੈਂਪ ਵਿੱਚ 81 ਵਲੰਟੀਅਰਜ਼ ਨੇ ਖੂਨਦਾਨ ਕਰਕੇ ਕਾਲਜ ਦੀ ਵੱਡਮੁੱਲੀ ਦਾਨੀ ਪ੍ਰੰਪਰਾ ਨੂੰ ਕਾਇਮ ਰੱਖਿਆ। ਅਧਿਆਪਕ ਵਰਗ ਵਿੱਚੋਂ ਡਾ. ਸੁਮੀਤ ਕੁਮਾਰ ਅਤੇ ਡਾ. ਰੋਹਿਤ ਸਚਦੇਵਾ ਨੇ ਖੂਨਦਾਨ ਕਰਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਇਸ ਕੈਂਪ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਐਨ.ਐਸ.ਐਸ. ਦੇ ਪ੍ਰੋਗਰਾਮ ਅਫ਼ਸਰ ਡਾ. ਰਾਜੀਵ ਸ਼ਰਮਾ, ਡਾ. ਹਰਮੋਹਨ ਸ਼ਰਮਾ ਅਤੇ ਪ੍ਰੋ. ਜਗਦੀਪ ਕੌਰ ਦਾ ਖਾਸ ਯੋਗਦਾਨ ਰਿਹਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ਬਹੁਤ ਵਾਰੀ ਖੂਨਦਾਨ ਕਿਸੇ ਬਿਮਾਰ ਲਈ ਦੂਜਾ ਜਨਮ ਮਿਲਣ ਵਰਗਾ ਹੁੰਦਾ ਹੈ। ਉਨ੍ਹਾਂ ਭਵਿੱਖ ਵਿੱਚ ਵੀ ਅਜਿਹੇ ਕੈਂਪ ਲਗਾਉਣ ਦਾ ਭਰੋਸਾ ਦਵਾਇਆ। ਐਨ.ਐਸ.ਐਸ. ਵਲੰਟੀਅਰਾਂ ਦਿਉਤੀ ਸਿੰਘ, ਪੱਲਵੀ ਧਵਨ, ਅਭਿਨੰਦਨ ਮਿੱਤਲ, ਨੀਰਜ ਗੁਪਤਾ ਅਤੇ ਵਿਪਨ ਸਿੰਘ ਨੇ ਇਸ ਖੂਨਦਾਨ ਕੈਂਪ ਨੂੰ ਸਫ਼ਲਤਾਪੂਰਵਕ ਚਲਾਉਣ ਵਿੱਚ ਭਰਪੂਰ ਯੋਗਦਾਨ ਦਿੱਤਾ। ਖੂਨਦਾਨ ਕਰਨ ਵਾਲੇ ਵਲੰਟੀਅਰਾਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

ਦੇਸ਼ ਸੇਵਕ

# ਮੁਲਤਾਨੀ ਮੱਲ ਮੋਦੀ ਕਾਲਜ ਵਿਖੇ ਖੂਨਦਾਨ ਕੈਂਪ ਦਾ ਆਯੋਜਨ



ਪਟਿਆਲਾ, 24 ਅਗਸਤ (ਸੁਧੀਰ ਪਾਹੂਜਾ) ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ, ਪਟਿਆਲਾ ਵਿੱਖੇ 'ਖੂਨਦਾਨ-ਮਹਾਂਦਾਨ' ਦੇ ਸੰਕਲਪ ਨੂੰ ਸਮਰਪਿਤ ਕਾਲਜ ਦੇ ਐਨ.ਐਸ.ਐਸ. ਵਿੰਗ ਵੱਲੋਂ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਦੀ ਸੁਚੱਜੀ ਅਗਵਾਈ ਹੇਠ ਅਤੇ ਸਰਕਾਰੀ ਰਜਿੰਦਰਾ ਹਸਪਤਾਲ, ਪਟਿਆਲਾ ਤੋਂ ਪਹੁੰਚੀ ਮੈਡੀਕਲ ਟੀਮ ਦੀ ਨਿਗਰਾਨੀ ਹੇਠ ਇੱਕ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਰਸਮੀ ਉਦਘਾਟਨ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ ਨੇ ਕਿਹਾ ਕਿ ਅਜਿਹੇ ਖੂਨਦਾਨ ਕੈਂਪਾਂ ਦਾ ਉਦੇਸ਼ ਜਿੱਥੇ ਸਥਾਨਕ ਬਲੱਡ ਬੈਂਕਾਂ ਵਿੱਚ ਡੇਂਗੂ ਦੇ ਮਰੀਜ਼ਾਂ ਦੀ ਵੱਧ ਰਹੀ ਗਿਣਤੀ ਦੇ ਮੱਦੇ ਨਜ਼ਰ ਘੱਟ ਰਹੀ ਬਲੱਡ ਸਪਲਾਈ ਨੂੰ ਪੂਰਾ ਕਰਨ ਦਾ ਯਤਨ ਕਰਨਾ ਹੈ, ਉਥੇ ਵਿਦਿਆਰਥੀਆਂ ਨੂੰ ਖੂਨਦਾਨ ਵਰਗੇ ਮਹਾਂ-ਦਾਨ ਦੀ ਸਾਰਥਕਤਾ ਤੋਂ ਵੀ ਜਾਣੂ ਕਰਵਾਉਣਾ ਹੈ। ਸਰਕਾਰੀ ਰਾਜਿੰਦਰਾ ਹਸਪਤਾਲ, ਪਟਿਆਲਾ ਤੋਂ ਡਾ. ਕਮਲਜੀਤ ਕੌਰ ਦੀ ਅਗੁਵਾਈ ਹੇਠ ਪਹੁੰਚੀ ਮੈਡੀਕਲ ਟੀਮ ਦੇ ਮੈਂਬਰਾਂ ਸ੍ਰੀ ਸੁਖਵਿੰਦਰ ਸਿੰਘ ਅਤੇ ਜਸਪ੍ਰੀਤ ਕੌਰ ਨੇ ਇਸ ਮੌਕੇ ਖੂਨਦਾਨੀਆਂ ਲਈ ਕੀਤੇ ਗਏ ਸਮੂਚੇ ਪ੍ਰਬੰਧ ਦੀ ਦੇਖ-ਰੇਖ ਕੀਤੀ। ਇਸ ਕੈਂਪ ਵਿੱਚ 81 ਵਲੰਟੀਅਰਜ਼ ਨੇ ਖੂਨਦਾਨ ਕਰਕੇ ਕਾਲਜ ਦੀ ਵੱਡਮੁੱਲੀ ਦਾਨੀ ਪ੍ਰੰਪਰਾ ਨੂੰ ਕਾਇਮ ਰੱਖਿਆ। ਅਧਿਆਪਕ ਵਰਗ ਵਿੱਚੋਂ ਡਾ. ਸੁਮੀਤ ਕੁਮਾਰ ਅਤੇ ਡਾ. ਰੋਹਿਤ ਸਚਦੇਵਾ ਨੇ ਖੂਨਦਾਨ ਕਰਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਇਸ ਕੈਂਪ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਐਨ.ਐਸ.ਐਸ. ਦੇ ਪ੍ਰੋਗਰਾਮ ਅਫ਼ਸਰ ਡਾ. ਰਾਜੀਵ ਸ਼ਰਮਾ, ਡਾ. ਹਰਮੋਹਨ ਸ਼ਰਮਾ ਅਤੇ ਪ੍ਰੋ. ਜਗਦੀਪ ਕੌਰ ਦਾ ਖਾਸ ਯੋਗਦਾਨ ਰਿਹਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ਬਹੁਤ ਵਾਰੀ ਖੂਨਦਾਨ ਕਿਸੇ ਬਿਮਾਰ ਲਈ ਦੂਜਾ ਜਨਮ ਮਿਲਣ ਵਰਗਾ ਹੁੰਦਾ ਹੈ। ਉਨ੍ਹਾਂ ਭਵਿੱਖ ਵਿੱਚ ਵੀ ਅਜਿਹੇ ਕੈਂਪ ਲਗਾਉਣ ਦਾ ਭਰੋਸਾ ਦਵਾਇਆ। ਐਨ.ਐਸ.ਐਸ. ਵਲੰਟੀਅਰਾਂ ਦਿਉਤੀ ਸਿੰਘ, ਪੱਲਵੀ ਧਵਨ, ਅਭਿਨੰਦਨ ਮਿੱਤਲ, ਨੀਰਜ ਗੁਪਤਾ ਅਤੇ ਵਿਪਨ ਸਿੰਘ ਨੇ ਇਸ ਖੂਨਦਾਨ ਕੈਂਪ ਨੂੰ ਸਫ਼ਲਤਾਪੂਰਵਕ ਚਲਾਉਣ ਵਿੱਚ ਭਰਪੂਰ ਯੋਗਦਾਨ ਦਿੱਤਾ। ਖੂਨਦਾਨ ਕਰਨ ਵਾਲੇ ਵਲੰਟੀਅਰਾਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

पटियाला केसरी

# मुल्तानी मल्ल मोदी कालेज में लगा रक्तदान कैंप



*मोदी कालेज में रक्तदानियों की हौसला अफजाई करते हुए कालेज प्रिंसीपल डा. खुशविंद्र कुमार और समूह स्टाफ।* (जोसन)

पटियाला, 25 अगस्त (जोसन): मुल्तानी मल्ल मोदी कालेज पटियाला में 'रक्तदान-महादान' के संकल्प को समर्पित कालेज के एन.एस.एंस. विंग की तरफ से रैड रिबन क्लब के सहयोग द्वारा प्रिंसीपल डा. खुशविंद्र कुमार के सभ्य नेतृत्व में और सरकारी राजिन्द्रा अस्पताल पटियाला से पहुंची मैडीकल टीम की निगरानी में एक रक्तदान कैंप का आयोजन किया गया। कैंप का रस्मी उद्घाटन करते हुए कालेज के प्रिंसीपल डा. खुशविंद्र कुमार ने कहा कि ऐसे रक्तदान कैंपों का उद्देश्य जहां स्थानीय ब्लड बैंकों में डेंगू के मरीजों की बढ़ रही संख्या के मद्देनजर कम हो रही ब्लड सप्लाई को पूरा करने का यत्न करना है वहीं विद्यार्थियों को रक्तदान जैसे महादान की सार्थकता से भी अवगत करवाना है।

राजिन्द्रा अस्पताल पटियाला से डा. कमलजीत कौर के नेतृत्व में पहुंची मैडीकल टीम के सदस्यों सुखविंद्र सिंह और जसप्रीत कौर ने इस मौके पर रक्तदानियों के लिए किए गए सभी प्रबंधों की देख-रेख की। कैंप में 81 वालंटियर्ज ने रक्तदान करके कालेज की अनमोल दानी परम्परा को कायम रखा। अध्यापक वर्ग से डा. सुमित कुमार और डा. रोहित सचदेवा ने रक्तदान करते हुए विद्यार्थियों को प्रेरित किया।

कैंप को सफलतापूर्वक पूरा करवाने में एन.एस.एस. के प्रोग्राम अफसर डा. राजीव शर्मा, डा. हरमोहन शर्मा और प्रो. जगदीप कौर का विशेष योगदान रहा। उन्होंने विद्यार्थियों को उत्साहित करते हुए कहा कि रक्तदान किसी बीमार के लिए दूसरा जन्म मिलने जैसा होता है। उन्होंने भविष्य में भी ऐसे कैंप लगाने का भरोसा दिलाया। एन.एस.एस. वालंटियरें द्युति सिंह, पल्लवी धवन, अभिनंदन मित्तल, नीरज गुप्ता और विपन सिंह ने इस रक्तदान कैंप को सफलतापूर्वक सम्पन्न करने में भरपूर योगदान दिया। रक्तदान करने वाले वालंटियरों को सर्टीफिकेट और मैडल देकर सम्मानित किया गया।